Roll No. ..................

Total No. of Questions : 11]

**01/C**

[Total No. of Printed Pages : 3

**X**

**2037**

**ਸਲਾਨਾ ਪਰੀਖਿਆ ਪ੍ਰਨਾਲੀ**

**PUNJABI**

**Paper–A**

**(Morning Session)**

Time allowed : Three hours

Maximum marks : 50

**ਨੋਟ** : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ ਕੋਡ/ਪੇਪਰ ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ ਕੋਡ/ਪੇਪਰ ਕੋਡ **01/C** ਜ਼ਰੂਰ ਦਰਜ ਕਰੋ ਜੀ ।

(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।

(iii) ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

(iv) ਕੋਈ ਵਾਧੂ ਸ਼ੀਟ ਨਹੀਂ ਮਿਲੇਗੀ । ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ ।

(v) **ਸਾਰੇ ਪ੍ਰਸ਼ਨ ਜ਼ਰੂਰੀ ਹਨ ।**

(vi) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।

(vii) ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ 'ਤੇ ਅਧਾਰਿਤ ਹੋਣੇ ਚਾਹੀਦੇ ਹਨ ।

**1. ਵਸਤੂਨਿਸ਼ਠ ਪ੍ਰਸ਼ਨ :**

(ੳ) ਗੁਰੂ ਜੀ ਨੇ 'ਮੇਰੇ ਸਜਣੁ ਮੀਤ ਮੁਰਾਰੇ ਜੀਓ' ਕਿਸ ਨੂੰ ਕਿਹਾ ਹੈ ?

(ਅ) ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਸਿੱਧ ਰਚਨਾ (ਵਾਰ) ਕਿਹੜੀ ਹੈ ?

(ੲ) ਬਾਬਾ ਰਾਮ ਸਿੰਘ ਦੇ ਪੈਰੋਕਾਰ ਕੀ ਅਖਵਾਉਂਦੇ ਸਨ/ਹਨ ?

(ਸ) ਗੁਰਬਖ਼ਸ਼ ਸਿੰਘ ਅਨੁਸਾਰ ਆਮ ਕਰਕੇ ਸਿਆਣੇ ਤੇ ਦਿਲਚਸਪ ਲੋਕ ਕੌਣ ਹੁੰਦੇ ਹਨ ?

(ਹ) 'ਅੰਗ-ਸੰਗ' ਕਹਾਣੀ ਦੀਆਂ ਘਟਨਾਵਾਂ ਕਿਹੋ-ਜਿਹੀ ਰਾਤ ਵਿੱਚ ਵਾਪਰਦੀਆਂ ਹਨ ?

(ਕ) 'ਇੱਕ ਪੈਰ ਘੱਟ ਤੁਰਨਾ' ਕਹਾਣੀ ਦਾ ਮੁੱਖ ਪਾਤਰ ਕੌਣ ਹੈ ?

(ਖ) ਵਜ਼ੀਰਾ ਵੀਰਾਂ ਵਾਲੀ ਦਾ ਕੀ ਲੱਗਦਾ ਹੈ ?

(ਗ) ਮਨਜੀਤ ਦਾ ਨਿਹਾਲ ਕੌਰ ਪ੍ਰਤਿ ਰਵੱਈਆ ਕਿਹੋ-ਜਿਹਾ ਸੀ ?

(ਘ) ਢੁੰਮਣ ਆਪਣੇ ਪਿਤਾ ਬੰਤੇ ਤੋਂ ਕਿਹੜਾ ਪਾਠ ਪੜ੍ਹਨਾ ਚਾਹੁੰਦਾ ਹੈ ?

(ਙ) ਤਾਰੋ ਬੰਤੇ ਦੀ ਕੀ ਲੱਗਦੀ ਹੈ ?

10×½=5

**2.** ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ **ਦੋ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥
ਦਿਵਸ ਰਾਤ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥

(ਅ) ਵੇਦ ਕੁਰਾਨਾਂ ਪੜ੍ਹ-ਪੜ੍ਹ ਥੱਕੇ ।
ਸਿਜਦੇ ਕਰਦਿਆਂ ਘਸ ਗਏ ਮੱਥੇ ।
ਨ ਰੱਬ ਤੀਰਥ ਨ ਰੱਬ ਮੱਕੇ ।
ਜਿਨ ਪਾਇਆ ਤਿਨ ਨੂਰ ਅਨਵਾਰ ।
ਇਸ਼ਕ ਦੀ ਨਵੀਉਂ ਨਵੀਂ ਬਹਾਰ ।

(ੲ) ਕੱਢ ਕਲੇਜਾ ਲੈ ਗਈ ਖਾਨ ਖੀਵੇ ਦੀ ਧੀ ।
ਗਜ਼ ਗਜ਼ ਲੰਮੀਆਂ ਮੇਂਢੀਆਂ, ਰੰਗ ਦੀ ਗੋਰੀ ਸੀ ।
ਜਿ ਦੇਵੇ ਪਿਆਲਾ ਜ਼ਹਿਰ ਦਾ, ਮੈਂ ਮਿਰਜ਼ਾ ਲੈਂਦਾ ਪੀ ।
ਜਿ ਮਾਰੇ ਬਰਛੀ ਕਸ ਕੇ, ਮਿਰਜ਼ਾ ਕਦੀ ਨਾ ਕਰਦਾ ਸੀ ।
ਆਪਣੀ ਮੌਤੇ ਮੈਂ ਮਰਾਂ, ਮੇਰੇ ਨਾਲ਼ ਤੁਹਾਨੂੰ ਕੀ ?

(ਸ) ਧੌਂਸਾ ਵੱਜਿਆ ਕੂਚ ਦਾ ਹੁਕਮ ਹੋਇਆ,
ਚੜ੍ਹੇ ਸੂਰਮੇ ਸਿੰਘ ਦਲੇਰ ਮੀਆਂ ।
ਚੜ੍ਹੇ ਪੁਤ੍ਰ ਸਰਦਾਰਾਂ ਦੇ ਛੈਲ ਬਾਂਕੇ,
ਜੈਸੇ ਬੇਲਿਓਂ ਨਿਕਲਦੇ ਸ਼ੇਰ ਮੀਆਂ । 4+4=8

**3.** ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ **ਇੱਕ** ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) ਆਪਿ ਨੂੰ ਪਛਾਣ (ਸ਼ਾਹ ਹੁਸੈਨ)

(ਅ) ਚੰਡੀ ਦੀ ਵਾਰ (ਗੁਰੂ ਗੋਬਿੰਦ ਸਿੰਘ ਜੀ) । 3

**4.** ਹੇਠ ਲਿਖੇ ਲੇਖਾਂ ਵਿੱਚੋਂ ਕਿਸੇ **ਇੱਕ** ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਰਬਾਬ ਮੰਗਾਉਣ ਦਾ ਵਿਰਤਾਂਤ (ਗਿਆਨੀ ਦਿੱਤ ਸਿੰਘ)

(ਅ) ਮਹਾਂਕਵੀ ਕਾਲੀਦਾਸ (ਪ੍ਰੋ. ਪਿਆਰਾ ਸਿੰਘ ਪਦਮ) । 5

**5.** ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) "ਲਫ਼ਜ਼ ਵੀ ਦਿਲ ਦੀ ਦੌਲਤ ਦੀਆਂ ਮੋਹਰਾਂ ਹੁੰਦੇ ਹਨ ।" ਇਸ ਕਥਨ ਦੀ ਵਿਆਖਿਆ ਕਰੋ ।

(ਅ) ਅਰਦਾਸ ਕਦੋਂ ਤੇ ਕਿਉਂ ਕੀਤੀ ਜਾਂਦੀ ਹੈ ?

(ੲ) ਅਨਾਮਕਾ ਤੋਂ ਕੀ ਭਾਵ ਹੈ ? ਇਸ ਬਾਰੇ ਕਿਹੜੀ ਘਟਨਾ ਪ੍ਰਚਲਿਤ ਹੈ ?

(ਸ) ਲੇਖਕ ਅਨੁਸਾਰ ਪੈਦਲ ਤੁਰਿਆਂ ਮਨੁੱਖ ਕੁਦਰਤ ਦੇ ਵਧੇਰੇ ਨੇੜੇ ਕਿਵੇਂ ਹੋ ਜਾਂਦਾ ਹੈ ? 2+2=4

**6.** ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ **ਇੱਕ** ਕਹਾਣੀ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਅੰਗ-ਸੰਗ (ਵਰਿਆਮ ਸੰਧੂ)

(ਅ) ਇੱਕ ਪੈਰ ਘੱਟ ਤੁਰਨਾ (ਅਜੀਤ ਕੌਰ) । 5

**7.** ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀ ਬੱਚਿਆਂ ਦਾ ਆਪਣੇ ਮਾਪਿਆਂ ਪ੍ਰਤਿ ਵਤੀਰਾ ਕਿਹੋ-ਜਿਹਾ ਹੈ ?

(ਅ) ਅਮਰੀਕ ਸਿੰਘ ਨੂੰ ਘਰਦਿਆਂ ਨਾਲ਼ ਕਿਸ ਗੱਲ ਦਾ ਇਤਰਾਜ਼ ਸੀ ?

(ੲ) ਵੀਰਾਂ ਵਾਲੀ ਦੀ ਮੌਤ ਦਾ ਕਾਰਨ ਕੀ ਸੀ ?

(ਸ) ਮਾਨ ਸਿੰਘ ਆਪਣੇ ਮਿੱਤਰ ਕਰਮ ਸਿੰਘ ਦੀਆਂ ਰੱਜ ਕੇ ਗੱਲਾਂ ਕਿਉਂ ਕਰਨੀਆਂ ਚਾਹੁੰਦਾ ਸੀ ? 2+2=4

**8.** ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ :

(ੳ) ਵੀਰਾਂ ਵਾਲੀ (ਇਕਾਂਗੀ : ਬੰਬ ਕੇਸ)

(ਅ) ਪਿਤਾ (ਇਕਾਂਗੀ : ਨਾਇਕ) । 5

**9.** ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ :

"ਇਹ ਤੁਹਾਡੀ ਪੀੜ੍ਹੀ ਦੀ ਆਦਤ ਬਣ ਗਈ ਏ ਕਿ ਹਰ ਇੱਕ ਚੀਜ਼ ਨੂੰ ਉਲਟਾ ਕਰ ਕੇ ਦੇਖੋ ।"

**ਪ੍ਰਸ਼ਨ** : (ੳ) ਇਹ ਸ਼ਬਦ ਕਿਹੜੇ ਇਕਾਂਗੀ ਵਿੱਚੋਂ ਹਨ ?

(ਅ) ਇਹ ਇਕਾਂਗੀ ਕਿਸ ਦੀ ਰਚਨਾ ਹੈ ?

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ?

ਜਾਂ

"ਦੁਖੀ ਤਾਂ ਹੈ, ਪਰ ਗੱਲ ਕੀ ਐ ? ਦੁਖੀ ਦਾ ਤਾਂ ਮੈਨੂੰ ਪਤਾ ਈ ਐ । ਜਗੀਰਦਾਰਾਂ ਦੇ ਘਰ ਧੀ ਨੂੰ ਵਿਆਹ ਕੇ ਤੂੰ ਸੁੱਖ ਦੀ ਆਸ ਰੱਖੀ ਹੋਣੀ ਐਂ ?"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ?

(ਅ) ਗੁਰਦਿੱਤ ਸਿੰਘ ਨੂੰ ਕਿਸ ਗੱਲ ਦਾ ਪਤਾ ਹੈ ?

(ੲ) ਗੁਰਦਿੱਤ ਸਿੰਘ ਅਨੁਸਾਰ ਉਸ ਦੀ ਧੀ ਦੇ ਦੁਖੀ ਹੋਣ ਦਾ ਕੀ ਕਾਰਨ ਹੈ ? 1+1+1=3

**10.** ਨਾਵਲ 'ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਫੁੰਮਣ

(ਅ) ਦਿਆਲਾ

(ੲ) ਇੰਸਪੈਕਟਰ । 5

**11.** ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) "ਕਿਵੇਂ ਨਾ ਲੱਭੂ ............ ਪੜ੍ਹਨ ਦੇ ਹਾਲੇ ਗੁੱਡੀ ਨੂੰ ਦਿਲ ਲਾ ਕੇ ।"

(ਅ) "ਰੋਣਾ ਤਾਂ ਇਹ ਹੈ ਕਿ ਫੇਰ ਵੀ ਪੂਰੀ ਨਹੀਂ ਪੈਂਦੀ । ਹੱਡ ਟੁੱਟ ਜਾਂਦੇ ਐ ਰਾਤ ਤੀਕ ਪਰ ਢਿੱਡ ਭਰਨ ਜੋਗੇ ਪੈਸੇ ਨਹੀਂ ਬਣਦੇ ।" 1+2=3